**ਸਾਜਨ ਦੇਸਿ ਵਿਦੇਸੀਅੜੇ ਸਾਨੇਹੜੇ ਦੇਦੀ ॥ ਸਾਰਿ ਸਮਾਲੇ ਤਿਨ ਸਜਣਾ ਮੁੰਧ ਨੈਣ ਭਰੇਦੀ ॥ ਮੁੰਧ ਨੈਣ ਭਰੇਦੀ ਗੁਣ ਸਾਰੇਦੀ ਕਿਉ ਪ੍ਰਭ ਮਿਲਾ ਪਿਆਰੇ ॥ ਮਾਰਗੁ ਪੰਥੁ ਨ ਜਾਣਉ ਵਿਖੜਾ ਕਿਉ ਪਾਈਐ ਪਿਰੁ ਪਾਰੇ ॥ ਸਤਿਗੁਰ ਸਬਦੀ ਮਿਲੈ ਵਿਛੁੰਨੀ ਤਨੁ ਮਨੁ ਆਗੈ ਰਾਖੈ ॥ ਨਾਨਕ ਅੰਮ੍ਰਿਤ ਬਿਰਖੁ ਮਹਾ ਰਸ ਫਲਿਆ ਮਿਲਿ ਪ੍ਰੀਤਮ ਰਸੁ ਚਾਖੈ ॥੩॥** {ਪੰਨਾ 1111}

ਪਦਅਰਥ:- ਸਾਜਨ—ਸੱਜਣ ਪ੍ਰਭੂ ਜੀ! ਦੇਸਿ—ਦੇਸ ਵਿਚ, (ਜੀਵ-ਇਸਤ੍ਰੀ ਦੇ) ਹਿਰਦੇ-ਦੇਸ ਵਿਚ। ਵਿਦੇਸ—ਪਰਦੇਸ। ਵਿਦੇਸੀ—ਪਰਦੇਸੀ, ਪਰਦੇਸ ਵਿਚ ਰਹਿਣ ਵਾਲਾ। ਦੇਦੀ—ਦੇਂਦੀ। ਸਾਰਿ—ਚੇਤੇ ਕਰ ਕੇ, ਯਾਦ ਕਰ ਕੇ। ਸਮਾਲੇ—(ਹਿਰਦੇ ਵਿਚ) ਸਾਂਭਦੀ ਹੈ। ਤਿਨ ਸਜਣਾ—ਉਹਨਾਂ ਸੱਜਣਾਂ ਨੂੰ, ਪ੍ਰਭੂ ਸੱਜਣ ਜੀ ਨੂੰ। ਮੁੰਧ—{ਮੁÀਧਾ} ਅੰਞਾਣ ਜੀਵ-ਇਸਤ੍ਰੀ। ਸਾਰੇਦੀ—ਸਾਰੇਂਦੀ, ਯਾਦ ਕਰਦੀ ਹੈ। ਕਿਉ ਪ੍ਰਭ ਮਿਲਾ—ਕਿਉਂ ਪ੍ਰਭ ਮਿਲਾਂ, ਮੈਂ ਕਿਵੇਂ ਪ੍ਰਭੂ ਨੂੰ ਮਿਲਾਂ? ਮਾਰਗੁ—ਰਸਤਾ। ਪੰਥੁ—ਰਸਤਾ। ਨ ਜਾਣਉ—ਨ ਜਾਣਉਂ, ਮੈਂ ਨਹੀਂ ਜਾਣਦੀ। ਵਿਖੜਾ—ਔਖਾ, ਔਕੜਾਂ-ਭਰਿਆ। ਪਾਰੇ—(ਵਿਖੜੇ ਰਸਤੇ ਤੋਂ) ਪਾਰਲੇ ਪਾਸੇ। ਸਬਦੀ—ਸ਼ਬਦ ਦੀ ਰਾਹੀਂ। ਵਿਛੁੰਨੀ—ਵਿਛੁੜੀ ਹੋਈ ਜੀਵ-ਇਸਤ੍ਰੀ। ਆਗੈ ਰਾਖੈ—(ਪ੍ਰਭੂ-ਪਤੀ ਦੇ) ਅੱਗੇ ਰੱਖ ਦੇਂਦੀ ਹੈ, ਭੇਟਾ ਕਰ ਦੇਂਦੀ ਹੈ। ਅੰਮ੍ਰਿਤ ਬਿਰਖੁ—ਆਤਮਕ ਜੀਵਨ ਦੇਣ ਵਾਲਾ ਨਾਮ-ਰੁੱਖ। ਮਹਾਰਸ ਫਲਿਆ—ਬੜੇ ਮਿੱਠੇ ਫਲਾਂ ਵਾਲਾ, ਜਿਸ ਨੂੰ ਉੱਚੇ ਆਤਮਕ ਗੁਣਾਂ ਦੇ ਬੜੇ ਮਿੱਠੇ ਫਲ ਲੱਗੇ ਹੋਏ ਹਨ। ਮਿਲਿ ਪ੍ਰੀਤਮ—ਪ੍ਰੀਤਮ-ਪ੍ਰਭੂ ਨੂੰ ਮਿਲ ਕੇ। ਰਸੁ—ਸੁਆਦ। ਚਾਖੈ—ਚੱਖਦੀ ਹੈ {ਇਕ-ਵਚਨ}।3।

ਅਰਥ:- ਹੇ ਭਾਈ! ਸੱਜਣ-ਪ੍ਰਭੂ ਜੀ (ਹਰੇਕ ਜੀਵ-ਇਸਤ੍ਰੀ ਦੇ) ਹਿਰਦੇ-ਦੇਸ ਵਿਚ ਵੱਸ ਰਹੇ ਹਨ, (ਪਰ ਨਾਮ-ਹੀਣ ਜੀਵ-ਇਸਤ੍ਰੀ ਦੁੱਖਾਂ ਵਿਚ ਘਿਰ ਕੇ ਉਸ ਨੂੰ) ਪਰਦੇਸ ਵਿਚ ਵੱਸਦਾ ਜਾਣ ਕੇ (ਦੁੱਖਾਂ ਤੋਂ ਬਚਣ ਲਈ) ਤਰਲੇ-ਭਰੇ ਸਨੇਹੇ ਭੇਜਦੀ ਹੈ। (ਨਾਮ ਤੋਂ ਵਾਂਜੀ ਹੋਈ) ਅੰਞਾਣ ਜੀਵ-ਇਸਤ੍ਰੀ (ਸਹੇੜੇ ਹੋਏ ਦੁੱਖਾਂ ਦੇ ਕਾਰਨ) ਰੋਂਦੀ ਹੈ, ਵਿਰਲਾਪ ਕਰਦੀ ਹੈ ਤੇ ਉਸ ਸੱਜਣ-ਪ੍ਰਭੂ ਜੀ ਨੂੰ ਮੁੜ ਮੁੜ ਯਾਦ ਕਰਦੀ ਹੈ।

(ਨਾਮ ਤੋਂ ਵਾਂਜੀ ਹੋਈ) ਅੰਞਾਣ ਜੀਵ-ਇਸਤ੍ਰੀ (ਸਹੇੜੇ ਦੁੱਖਾਂ ਦੇ ਕਾਰਨ) ਵਿਰਲਾਪ ਕਰਦੀ ਹੈ, ਪ੍ਰਭੂ-ਪਤੀ ਦੇ ਗੁਣ ਚੇਤੇ ਕਰਦੀ ਹੈ, (ਤੇ, ਤਰਲੇ ਲੈਂਦੀ ਹੈ ਕਿ) ਪਿਆਰੇ ਪ੍ਰਭੂ ਨੂੰ ਕਿਵੇਂ ਮਿਲਾਂ। (ਜਿਸ ਦੇਸ ਵਿਚ ਉਹ ਵੱਸਦਾ ਹੈ, ਉਸ ਦਾ) ਰਸਤਾ (ਅਨੇਕਾਂ ਵਿਕਾਰਾਂ ਦੀਆਂ) ਔਕੜਾਂ ਨਾਲ ਭਰਿਆ ਹੋਇਆ ਹੈ, ਮੈਂ ਉਹ ਰਸਤਾ ਜਾਣਦੀ ਭੀ ਨਹੀਂ ਹਾਂ, ਮੈਂ ਉਸ ਪਤੀ ਨੂੰ ਕਿਵੇਂ ਮਿਲਾਂ, ਉਹ ਤਾਂ (ਇਹਨਾਂ ਵਿਕਾਰਾਂ ਦੀਆਂ ਰੁਕਾਵਟਾਂ ਤੋਂ) ਪਾਰਲੇ ਪਾਸੇ ਰਹਿੰਦਾ ਹੈ।

ਹੇ ਨਾਨਕ! (ਆਖ—ਹੇ ਭਾਈ!) ਜਿਹੜੀ ਵਿਛੁੜੀ ਹੋਈ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਤਨ ਆਪਣਾ ਮਨ ਉਸ ਦੇ ਹਵਾਲੇ ਕਰ ਦੇਂਦੀ ਹੈ, ਉਹ ਉਸ ਨੂੰ ਮਿਲ ਪੈਂਦੀ ਹੈ। ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਇਕ ਐਸਾ ਰੁੱਖ ਹੈ ਜਿਸ ਨੂੰ ਉੱਚੇ ਆਤਮਕ ਗੁਣਾਂ ਦੇ ਫਲ ਲੱਗੇ ਰਹਿੰਦੇ ਹਨ, (ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਤਨ ਮਨ ਭੇਟਾ ਕਰਨ ਵਾਲੀ ਜੀਵ-ਇਸਤ੍ਰੀ) ਪ੍ਰੀਤਮ-ਪ੍ਰਭੂ ਨੂੰ ਮਿਲ ਕੇ (ਉਸ ਰੁੱਖ ਦੇ ਫਲਾਂ ਦਾ) ਸੁਆਦ ਚੱਖਦੀ ਰਹਿੰਦੀ ਹੈ।3।